ਮਲਾਰ ਮਹਲਾ ੫ ॥ ਗੁਨ ਗੋੁਪਾਲ ਗਾਉ ਨੀਤ ॥ ਰਾਮ ਨਾਮ ਧਾਰਿ ਚੀਤ ॥੧॥ ਰਹਾਉ ॥ ਛੋਡਿ ਮਾਨੁ ਤਜਿ ਗੁਮਾਨੁ ਮਿਲਿ ਸਾਧੂਆ ਕੈ ਸੰਗਿ ॥ ਹਰਿ ਸਿਮਰਿ ਏਕ ਰੰਗਿ ਮਿਟਿ ਜਾਂਹਿ ਦੋਖ ਮੀਤ ॥੧॥ ਪਾਰਬ੍ਰਹਮ ਭਏ ਦਇਆਲ ॥ ਬਿਨਸਿ ਗਏ ਬਿਖੈ ਜੰਜਾਲ ॥ ਸਾਧ ਜਨਾਂ ਕੈ ਚਰਨ ਲਾਗਿ ॥ ਨਾਨਕ ਗਾਵੈ ਗੋਬਿੰਦ ਨੀਤ ॥੨॥੬॥੨੮॥ {ਪੰਨਾ 1272}

ਪਦ ਅਰਥ:- ਗੋੁਪਾਲ—(ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਗੋਪਾਲ' ਹੈ। ਇਥੇ 'ਗੁਪਾਲ' ਪੜ੍ਹਨਾ ਹੈ) ਸ੍ਰਿਸ਼ਟੀ ਦਾ ਪਾਲਣ ਵਾਲਾ। ਗਾਉ—ਗਾਇਆ ਕਰ। ਨੀਤ—ਸਦਾ। ਚੀਤਿ—ਚਿੱਤ ਵਿਚ। ਧਾਰਿ—ਟਿਕਾਈ ਰੱਖ।1। ਰਹਾਉ।

ਤਜਿ—ਤਿਆਗ ਦੇ। ਮਿਲਿ—ਮਿਲ ਕੇ। ਸਾਧੂਆ ਕੈ ਸੰਗ—ਸੰਤ ਜਨਾਂ ਦੀ ਸੰਗਤਿ ਵਿਚ। ਏਕ ਰੰਗੀ—ਇਕ ਦੇ ਪ੍ਰੇਮ-ਰੰਗ ਵਿਚ। ਮੀਤ—ਹੇ ਮਿੱਤਰ।1।

ਬਿਖੈ ਜੰਜਾਲ—ਵਿਸ਼ੇ-ਵਿਕਾਰਾਂ ਦੀਆਂ ਫਾਹੀਆਂ। ਕੈ ਚਰਨ ਲਾਗਿ—ਦੇ ਚਰਨਾਂ ਵਿਚ ਟਿੱਕ ਕੇ। ਗਾਵੈ—ਗਾਂਦਾ ਹੈ, ਸਿਫ਼ਤਿ-ਸਾਲਾਹ ਕਰਦਾ ਹੈ। ਨੀਤ—ਸਦਾ।2।

ਅਰਥ:- ਹੇ ਭਾਈ! ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਸਦਾ ਗਾਇਆ ਕਰ। ਪਰਮਾਤਮਾ ਦਾ ਨਾਮ ਆਪਣੇ ਚਿੱਤ ਵਿਚ ਟਿਕਾਈ ਰੱਖ।1। ਰਹਾਉ।

ਹੇ ਮਿੱਤਰ! ਸੰਤ ਜਨਾਂ ਦੀ ਸੰਗਤਿ ਵਿਚ ਮਿਲ ਕੇ ਮਾਣ ਛੱਡ ਅਹੰਕਾਰ ਤਿਆਗ। ਇਕ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਰੰਗੀਜ ਕੇ) ਪਰਮਾਤਮਾ ਦਾ ਨਾਮ ਸਿਮਰਿਆ ਕਰ। ਤੇਰੇ ਸਾਰੇ ਐਬ ਦੂਰ ਹੋ ਜਾਣਗੇ।1।

ਹੇ ਨਾਨਕ! ਸੰਤ ਜਨਾਂ ਦੇ ਚਰਨਾਂ ਵਿਚ ਜੁੜ ਕੇ (ਜਿਹੜਾ ਮਨੁੱਖ) ਸਦਾ ਗੋਬਿੰਦ ਦੇ ਗੁਣ ਗਾਂਦਾ ਰਹਿੰਦਾ ਹੈ, (ਉਸ ਦੇ ਅੰਦਰੋਂ) ਵਿਸ਼ੇ-ਵਿਕਾਰਾਂ ਦੀਆਂ ਫਾਹੀਆਂ ਮੁੱਕ ਜਾਂਦੀਆਂ ਹਨ, ਪ੍ਰਭੂ ਜੀ ਉਸ ਉਤੇ ਦਇਆਵਾਨ ਹੋ ਜਾਂਦੇ ਹਨ।2।6। 28।